ਮਲਾਰ ਮਹਲਾ ੩ ਅਸਟਪਦੀਆ ਘਰੁ ੧ ॥ ੧ਓ ਸਤਿਗੁਰ ਪ੍ਰਸਾਦਿ ॥ ਕਰਮੁ ਹੋਵੈ ਤਾ ਸਤਿਗੁਰੁ ਪਾਈਐ ਵਿਣੁ ਕਰਮੈ ਪਾਇਆ ਨ ਜਾਇ ॥ ਸਤਿਗੁਰੁ ਮਿਲਿਐ ਕੰਚਨੁ ਹੋਈਐ ਜਾਂ ਹਰਿ ਕੀ ਹੋਇ ਰਜਾਇ ॥੧॥ ਮਨ ਮੇਰੇ ਹਰਿ ਹਰਿ ਨਾਮਿ ਚਿਤੁ ਲਾਇ ॥ ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ ॥੧॥ ਰਹਾਉ ॥ ਸਤਿਗੁਰ ਤੇ ਗਿਆਨੁ ਊਪਜੈ ਤਾਂ ਇਹ ਸੰਸਾ ਜਾਇ ॥ ਸਤਿਗੁਰ ਤੇ ਹਰਿ ਬੁਝੀਐ ਗਰਭ ਜੋਨੀ ਨਹ ਪਾਇ ॥ ੨॥ ਗੁਰ ਪਰਸਾਦੀ ਜੀਵਤ ਮਰੈ ਮਰਿ ਜੀਵੈ ਸਬਦੁ ਕਮਾਇ ॥ ਮੁਕਤਿ ਦੁਆਰਾ ਸੋਈ ਪਾਏ ਜਿ ਵਿਚਹੁ ਆਪੁ ਗਵਾਇ ॥੩॥ ਗੁਰ ਪਰਸਾਦੀ ਸਿਵ ਘਰਿ ਜੰਮੈ ਵਿਚਹੁ ਸਕਤਿ ਗਵਾਇ ॥ ਅਚਰੁ ਚਰੈ ਬਿਬੇਕ ਬੁਧਿ ਪਾਏ ਪੁਰਖੈ ਪੁਰਖੁ ਮਿਲਾਇ ॥੪॥ {ਪੰਨਾ 1276}

ਪਦ ਅਰਥ:- ਕਰਮੁ (ਪਰਮਾਤਮਾ ਦੀ) ਮਿਹਰ। ਪਾਈਐ—ਮਿਲਦਾ ਹੈ। ਵਿਣੁ ਕਰਮੈ—ਮਿਹਰ ਤੋਂ ਬਿਨਾ। ਸਤਿਗੁਰ ਮਿਲਿਐ—ਜੇ ਗੁਰੂ ਮਿਲ ਪਏ। ਕੰਚਨੁ—ਸੋਨਾ। ਜਾਂ—ਜਦੋਂ। ਰਜਾਇ—ਮਰਜ਼ੀ।1।

ਮਨ—ਹੇ ਮਨ! ਨਾਮਿ—ਨਾਮ ਵਿਚ। ਲਾਇ—ਜੋੜੀ ਰੱਖ। ਤੇ—ਤੋਂ, ਦੀ ਰਾਹੀਂ। ਸਾਚਾ—ਸਦਾ ਕਾਇਮ ਰਹਿਣ ਵਾਲਾ। ਸਿਉ—ਨਾਲ। ਰਹੈ ਸਮਾਇ—ਲੀਨ ਰਹਿੰਦਾ ਹੈ, ਜੁੜਿਆ ਰਹਿੰਦਾ ਹੈ।1। ਰਹਾਉ।

ਤੇ—ਤੋਂ। ਗਿਆਨੁ—ਆਤਮਕ ਜੀਵਨ ਦੀ ਸੂਝ। ਸੰਸਾ—ਸ਼ੱਕ, ਸਹਿਮ, ਭਟਕਣਾ। ਜਾਇ—ਦੂਰ ਹੋ ਜਾਂਦਾ ਹੈ। ਬੁਝੀਐ—ਸਮਝ ਲਈਦਾ ਹੈ, ਸਾਂਝ ਬਣ ਜਾਂਦੀ ਹੈ। ਗਰਭ ਜੋਨੀ—ਜੰਮਣ ਮਰਨ ਦੇ ਗੇੜ ਵਿਚ।2।

ਪਰਸਾਦੀ—ਪਰਸਾਦਿ, ਕਿਰਪਾ ਨਾਲ। ਜੀਵਤ ਮਰੈ—ਜੀਊਂਦਾ ਮਰਦਾ ਹੈ, ਦੁਨੀਆ ਦੀ ਕਿਰਤ-ਕਾਰ ਕਰਦਾ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ। ਮਰਿ—ਮਰ ਕੇ, ਵਿਕਾਰਾਂ ਦੇ ਅਸਰ ਤੋਂ ਬਚ ਕੇ। ਜੀਵੈ—ਆਤਮਕ ਜੀਵਨ ਹਾਸਲ ਕਰਦਾ ਹੈ। ਕਮਾਇ—ਕਮਾ ਕੇ, ਕਮਾਈ ਕਰ ਕੇ, (ਸ਼ਬਦ ਅਨੁਸਾਰ) ਆਚਰਨ ਬਣਾ ਕੇ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਜਿ—ਜਿਹੜਾ ਮਨੁੱਖ। ਆਪੁ—ਆਪਾ-ਭਾਵ।3।

ਸਿਵ ਘਰਿ—ਸ਼ਿਵ ਦੇ ਘਰ ਵਿਚ, ਪਰਮਾਤਮਾ ਦੇ ਘਰ ਵਿਚ। ਸਕਤਿ—ਮਾਇਆ (ਦਾ ਪ੍ਰਭਾਵ)। ਅਚਰੁ—ਅ-ਚਰੁ, ਨਾਹ ਚਰਿਆ ਜਾ ਸਕਣ ਵਾਲਾ, ਜਿਸ ਨੂੰ ਵੱਸ ਵਿਚ ਲਿਆਉਣਾ ਬਹੁਤ ਔਖਾ ਹੈ, ਅਮੋੜ ਮਨ। ਚਰੈ—ਵੱਸ ਵਿਚ ਲੈ ਆਉਂਦਾ ਹੈ। ਬਿਬੇਕ—ਚੰਗੇ ਮੰਦੇ ਕੰਮ ਦੀ ਪਰਖ। ਬੁਧਿ—ਅਕਲ, ਸੂਝ। ਪੁਰਖੈ—ਗੁਰੂ-ਪੁਰਖ ਦੀ ਰਾਹੀਂ। ਪੁਰਖੁ—ਪਰਮਾਤਮਾ।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖ। ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਗੁਰੂ ਦੀ ਰਾਹੀਂ ਮਿਲਦਾ ਹੈ, (ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਹ ਮਨੁੱਖ) ਪਰਮਾਤਮਾ ਵਿਚ ਲੀਨ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਦੋਂ ਪਰਮਾਤਮਾ ਦੀ ਮਿਹਰ ਹੁੰਦੀ ਹੈ ਤਦੋਂ ਗੁਰੂ ਮਿਲਦਾ ਹੈ, ਪਰਮਾਤਮਾ ਦੀ ਮਿਹਰ ਤੋਂ ਬਿਨਾ ਗੁਰੂ ਨਹੀਂ ਮਿਲ ਸਕਦਾ। ਜੇ ਗੁਰੂ ਮਿਲ ਪਏ ਤਾਂ ਮਨੁੱਖ (ਸ਼ੁੱਧ) ਸੋਨਾ ਬਣ ਜਾਂਦਾ ਹੈ। (ਪਰ ਇਹ ਤਦੋਂ ਹੀ ਹੁੰਦਾ ਹੈ) ਜਦੋਂ ਪਰਮਾਤਮਾ ਦੀ ਰਜ਼ਾ ਹੋਵੇ।1।

ਹੇ ਭਾਈ! ਜਦੋਂ ਗੁਰੂ ਦੀ ਰਾਹੀਂ (ਮਨੁੱਖ ਦੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਹੁੰਦੀ ਹੈ, ਤਦੋਂ ਮਨੁੱਖ ਦੇ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ। ਹੇ ਭਾਈ! ਗੁਰੂ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਬਣਦੀ ਹੈ, ਤੇ, ਮਨੁੱਖ ਜੰਮਣ ਮਰਨ ਦੇ ਗੇੜ ਵਿਚ ਨਹੀਂ ਪੈਂਦਾ।2।

ਹੇ ਭਾਈ! ਗੁਰੂ ਦੀ ਕਿਰਪਾ ਨਾਲ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਤੋਂ

ਬਚਿਆ ਰਹਿੰਦਾ ਹੈ। ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਬਣਾ ਕੇ ਮਨੁੱਖ ਵਿਕਾਰਾਂ ਵਲੋਂ ਹਟ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਹੇ ਭਾਈ! ਉਹੀ ਮਨੁੱਖ ਵਿਕਾਰਾਂ ਵਲੋਂ ਖ਼ਲਾਸੀ ਦਾ ਰਸਤਾ ਲੱਭ ਸਕਦਾ ਹੈ, ਜਿਹੜਾ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ।3।

ਹੇ ਭਾਈ! ਗੁਰੂ ਦੀ ਕਿਰਪਾ ਨਾਲ ਮਨੁੱਖ ਆਪਣੇ ਅੰਦਰੋਂ ਮਾਇਆ ਦਾ ਪ੍ਰਭਾਵ ਦੂਰ ਕਰ ਕੇ ਪਰਮਾਤਮਾ ਦੇ ਘਰ ਵਿਚ ਜੰਮ ਪੈਂਦਾ ਹੈ (ਪਰਮਾਤਮਾ ਦੀ ਯਾਦ ਵਿਚ ਜੁੜਿਆ ਰਹਿ ਕੇ ਨਵਾਂ ਆਤਮਕ ਜੀਵਨ ਬਣਾ ਲੈਂਦਾ ਹੈ)। (ਗੁਰੂ ਦੀ ਰਾਹੀਂ) ਮਨੁੱਖ ਇਸ ਅਮੋੜ ਮਨ ਨੂੰ ਵੱਸ ਵਿਚ ਲੈ ਆਉਂਦਾ ਹੈ, ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ ਹਾਸਲ ਕਰ ਲੈਂਦਾ ਹੈ, ਤੇ, ਇਸ ਤਰ੍ਹਾਂ ਗੁਰੂ-ਪੁਰਖ ਦੀ ਰਾਹੀਂ ਮਨੁੱਖ ਅਕਾਲ ਪੁਰਖ ਨੂੰ ਮਿਲ ਪੈਂਦਾ ਹੈ।4।

**ਧਾਤੁਰ ਬਾਜੀ ਸੰਸਾਰੁ ਅਚੇਤੁ ਹੈ ਚਲੈ ਮੂਲੁ ਗਵਾਇ ॥ ਲਾਹਾ ਹਰਿ ਸਤਸੰਗਤਿ ਪਾਈਐ ਕਰਮੀ ਪਲੈ ਪਾਇ ॥੫॥ ਸਤਿਗੁਰ ਵਿਣੁ ਕਿਨੈ ਨ ਪਾਇਆ ਮਨਿ ਵੇਖਹੁ ਰਿਦੈ ਬੀਚਾਰਿ ॥ ਵਡਭਾਗੀ ਗੁਰੁ ਪਾਇਆ ਭਵਜਲੁ ਉਤਰੇ ਪਾਰਿ ॥੬॥ ਹਰਿ ਨਾਮਾਂ ਹਰਿ ਟੇਕ ਹੈ ਹਰਿ ਹਰਿ ਨਾਮੁ ਅਧਾਰੁ ॥ ਕ੍ਰਿਪਾ ਕਰਹੁ ਗੁਰੁ ਮੇਲਹੁ ਹਰਿ ਜੀਉ ਪਾਵਉ ਮੋਖ ਦੁਆਰੁ ॥ ੭॥ ਮਸਤਕਿ ਲਿਲਾਟਿ ਲਿਖਿਆ ਧੁਰਿ ਠਾਕੁਰਿ ਮੇਟਣਾ ਨ ਜਾਇ ॥ ਨਾਨਕ ਸੇ ਜਨ ਪੂਰਨ ਹੋਏ ਜਿਨ ਹਰਿ ਭਾਣਾ ਭਾਇ ॥ ੮॥੧॥** {ਪੰਨਾ 1276}

ਪਦ ਅਰਥ:- ਧਾਤੁਰ—ਭੱਜ ਜਾਣ ਵਾਲੀ, ਨਾਸਵੰਤ। ਬਾਜੀ—ਖੇਡ। ਅਚੇਤੁ—ਗਾਫ਼ਿਲ, ਮੂਰਖ। ਚਲੈ—ਜਾਂਦਾ ਹੈ। ਮੂਲੁ—(ਆਤਮਕ ਜੀਵਨ ਦਾ) ਸਰਮਾਇਆ। ਗਵਾਇ—ਗਵਾ ਕੇ। ਲਾਹਾ—ਲਾਭ, ਨਫ਼ਾ। ਪਾਈਐ—ਮਿਲਦਾ ਹੈ। ਕਰਮੀ—(ਪਰਮਾਤਮਾ ਦੀ) ਮਿਹਰ ਨਾਲ। ਪਲੈ ਪਾਇ—ਪ੍ਰਾਪਤ ਕਰਦਾ ਹੈ।5।

ਕਿਨੈ—ਕਿਸੇ ਨੇ ਭੀ। ਮਨਿ—ਮਨ ਵਿਚ। ਰਿਦੈ—ਹਿਰਦੇ ਵਿਚ। ਬੀਚਾਰਿ—ਵਿਚਾਰ ਕੇ। ਵਡਭਾਗੀ—ਵੱਡੇ ਭਾਗਾਂ ਨਾਲ। ਭਵਜਲੁ—ਸੰਸਾਰ-ਸਮੁੰਦਰ। ਉਤਰੇ—ਪਾਰ ਲੰਘ ਗਏ।6।

ਟੇਕ—ਸਹਾਰਾ। ਅਧਾਰੁ—ਆਸਰਾ। ਹਰਿ ਜੀਉ—ਹੇ ਪ੍ਰਭੂ ਜੀ! ਪਾਵਉ—ਪਾਵਉਂ, ਮੈਂ ਲੱਭ ਲਵਾਂ। ਮੋਖ—ਵਿਕਾਰਾਂ ਤੋਂ ਖ਼ਲਾਸੀ। ਮੋਖ ਦੁਆਰੁ—ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਦਰਵਾਜ਼ਾ।7।

ਮਸਤਕਿ—ਮੱਥੇ ਉੱਤੇ। ਲਿਲਾਟਿ—ਮੱਥੇ ਉੱਤੇ। ਧੁਰਿ—ਧੁਰ ਦਰਗਾਹ ਤੋਂ। ਠਾਕੁਰਿ—ਠਾਕੁਰ ਨੇ, ਮਾਲਕ-ਪ੍ਰਭੂ ਨੇ। ਸੇ ਜਨ—ਉਹ ਮਨੁੱਖ (ਬਹੁ-ਵਚਨ)। ਪੂਰਨ—ਮੁਕੰਮਲ (ਆਤਮਕ ਜੀਵਨ ਵਾਲੇ)। ਭਾਣਾ—ਰਜ਼ਾ। ਭਾਇ—ਭਾਉਂਦਾ ਹੈ।8।

ਅਰਥ:- ਹੇ ਭਾਈ! ਇਹ ਜਗਤ ਨਾਸਵੰਤ ਖੇਡ (ਹੀ) ਹੈ। (ਉਹ ਮਨੁੱਖ) ਮੂਰਖ ਹੈ (ਜਿਹੜਾ ਇਸ ਨਾਸਵੰਤ ਖੇਡ ਦੀ ਖ਼ਾਤਰ ਆਪਣੇ ਆਤਮਕ ਜੀਵਨ ਦਾ ਸਾਰਾ) ਸਰਮਾਇਆ ਗਵਾ ਕੇ (ਇਥੋਂ) ਤੁਰਦਾ ਹੈ। ਹੇ ਭਾਈ! ਨਫ਼ਾ ਪਰਮਾਤਮਾ (ਦਾ ਨਾਮ ਹੈ, ਇਹ ਨਫ਼ਾ) ਸਾਧ ਸੰਗਤਿ ਵਿਚ ਮਿਲਦਾ ਹੈ, (ਪਰ ਪਰਮਾਤਮਾ ਦੀ) ਮਿਹਰ ਨਾਲ ਹੀ (ਮਨੁੱਖ ਇਹ ਨਫ਼ਾ) ਹਾਸਲ ਕਰਦਾ ਹੈ।5।

ਹੇ ਭਾਈ! ਆਪਣੇ ਮਨ ਵਿਚ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ, ਕਿਸੇ ਭੀ ਮਨੁੱਖ ਨੇ (ਇਹ ਹਰਿ-ਨਾਮ-ਲਾਭ) ਗੁਰੂ (ਦੀ ਸਰਨ) ਤੋਂ ਬਿਨਾ ਹਾਸਲ ਨਹੀਂ ਕੀਤਾ। (ਜਿਨ੍ਹਾਂ ਮਨੁੱਖਾਂ ਨੇ) ਵੱਡੇ ਭਾਗਾਂ ਨਾਲ ਗੁਰੂ ਲੱਭ ਲਿਆ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ।6।

ਹੇ ਭਾਈ! (ਮੇਰੇ ਵਾਸਤੇ ਤਾਂ) ਹਰੀ ਪਰਮਾਤਮਾ ਦਾ ਨਾਮ (ਹੀ) ਸਹਾਰਾ ਹੈ, ਹਰੀ ਦਾ ਨਾਮ ਹੀ ਆਸਰਾ ਹੈ। ਹੇ ਪ੍ਰਭੂ ਜੀ! ਮਿਹਰ ਕਰੋ, (ਮੈਨੂੰ) ਗੁਰੂ ਮਿਲਾਓ, ਮੈਂ (ਗੁਰੂ ਦੀ ਰਾਹੀਂ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ) ਰਸਤਾ ਲੱਭ ਸਕਾਂ।7।

ਹੇ ਭਾਈ! (ਜਿਨ੍ਹਾਂ ਮਨੁੱਖਾਂ ਦੇ) ਮੱਥੇ ਉੱਤੇ ਧੁਰ ਦਰਗਾਹ ਤੋਂ ਮਾਲਕ-ਪ੍ਰਭੂ ਨੇ (ਗੁਰੂ-ਮਿਲਾਪ ਦਾ ਲੇਖ) ਲਿਖ ਦਿੱਤਾ, (ਉਹ ਲੇਖ ਕਿਸੇ ਪਾਸੋਂ) ਮਿਟਾਇਆ ਨਹੀਂ ਜਾ ਸਕਦਾ। ਹੇ ਨਾਨਕ! (ਆਖ—ਹੇ ਭਾਈ! ਗੁਰੂ-ਸਰਨ ਦੀ ਬਰਕਤਿ ਨਾਲ) ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੀ ਰਜ਼ਾ ਪਿਆਰੀ ਲੱਗਣ ਲੱਗ ਪਈ, ਉਹ ਮਨੁੱਖ ਮੁਕੰਮਲ (ਆਤਮਕ ਜੀਵਨ ਵਾਲੇ) ਬਣ ਗਏ।8।1।